ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਜਿਮਨੀ ਚੋਣਾਂ ਦੇ ਮੱਦੇਨਜ਼ਰ ਗਿੱਦੜਬਾਹਾ ਏਰੀਏ ਵਿੱਚ ਕੱਢਿਆ ਫਲੈਗ ਮਾਰਚ




ਫਲੈਗ ਮਾਰਚ ਦੌਰਾਨ ਹੋਟਲਾਂ ਰੈਸਟੋਰੈਂਟਾਂ, ਢਾਬਿਆਂ ਦੀ ਕੀਤੀ ਚੈਕਿੰਗ

ਸ੍ਰੀ ਮੁਕਤਸਰ ਸਾਹਿਬ ( ) ਮਾਨਯੋਗ ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ. ਪੰਜਾਬ ਦੀਆਂ ਹਦਾਇਤਾਂ ਤਹਿਤ ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਜੀ ਦੀ ਅਗਵਾਈ ਹੇਠ ਗਿੱਦੜਬਾਹਾ ਵਿਖੇ ਜਿਮਨੀ ਚੋਣ ਨੂੰ ਮੁੱਖ ਰੱਖਦਿਆਂ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ ਜਿਸ ਤਹਿਤ ਪੁਲਿਸ ਵੱਲੋਂ ਵੱਖ ਵੱਖ ਟੀਮਾਂ ਬਣਾ ਕੇ ਸ਼ੱਕੀ ਪੁਰਸ਼ਾਂ ਦੇ ਟਿਕਾਣਿਆਂ ਤੇ ਸਰਚ ਕੀਤਾ ਜਾ ਰਿਹਾ ਹੈ ਅਤੇ ਪੀ.ਸੀ.ਆਰ ਮੋਟਰਸਾਈਕਲਾ ਵੱਲੋਂ ਰਾਤ ਦਿਨ ਗਸਤ ਵਾਂ ਚੈਕਿੰਗ ਕੀਤੀ ਜਾ ਰਹੀ ਹੈ। ਇਸੇ ਤਹਿਤ ਹੀ ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਦੀ ਹਦਾਇਤਾ ਤਹਿਤ ਸਬ ਡਵੀਜ਼ਨ ਗਿੱਦੜਬਾਹਾ ਵਿੱਚ ਫਲੈਗ ਮਾਰਚ ਕੱਢਿਆ ਗਿਆ। ਇਸ ਫਲੈਗ ਮਾਰਚ ਵਿੱਚ ਸ. ਅਵਤਾਰ ਸਿੰਘ ਡੀ.ਐਸ.ਪੀ (ਗਿੱਦੜਬਾਹਾ), ਮੁੱਖ ਅਫਸਰਾਂਨ ਤੋ ਇਲਾਵਾ ਪੁਲਿਸ ਅਧਿਕਾਰੀ ਅਤੇ ਕਰਮਚਾਰੀ ਸਮੇਤ ਸੀ.ਆਰ.ਪੀ.ਐਫ, ਆਈ.ਆਰ.ਬੀ ਅਤੇ ਬੀ.ਐਸ.ਐਫ ਫੋਰਸ ਹਾਜ਼ਰ ਸੀ।